ਰਾਗੁ ਗਉੜੀ ਪੂਰਬੀ ਛੰਤ ਮਹਲਾ ੩ ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥ ਸਾ ਧਨ ਬਿਨਉ ਕਰੇ ਜੀਉ ਹਰਿ ਕੇ ਗੁਣ ਸਾਰੇ ॥ ਖਿਨੁ ਪਲੁ ਰਹਿ ਨ ਸਕੈ ਜੀਉ ਬਿਨੁ ਹਰਿ ਪਿਆਰੇ ॥ ਬਿਨੁ ਹਰਿ ਪਿਆਰੇ ਰਹਿ ਨ ਸਾਕੈ ਗੁਰ ਬਿਨੁ ਮਹਲੁ ਨ ਪਾਈਐ ॥ ਜੋ ਗੁਰੁ ਕਹੈ ਸੋਈ ਪਰੁ ਕੀਜੈ ਤਿਸਨਾ ਅਗਨਿ ਬੁਝਾਈਐ ॥ ਹਰਿ ਸਾਚਾ ਸੋਈ ਤਿਸੁ ਬਿਨੁ ਅਵਰੁ ਨ ਕੋਈ ਬਿਨੁ ਸੇਵਿਐ ਸੁਖੁ ਨ ਪਾਏ ॥ ਨਾਨਕ ਸਾ ਧਨ ਮਿਲੈ ਮਿਲਾਈ ਜਿਸ ਨੋ ਆਪਿ ਮਿਲਾਏ ॥ ੧॥ ਧਨ ਰੈਣਿ ਸੁਹੇਲੜੀਏ ਜੀਉ ਹਰਿ ਸਿਉ ਚਿਤੁ ਲਾਏ ॥ ਸਤਿਗੁਰੁ ਸੇਵੇ ਭਾਉ ਕਰੇ ਜੀਉ ਵਿਚਹੁ ਆਪੁ ਗਵਾਏ ॥ ਵਿਚਹੁ ਆਪੁ ਗਵਾਏ ਹਰਿ ਗੁਣ ਗਾਏ ਅਨਦਿਨੁ ਲਾਗਾ ਭਾਓ ॥ ਸੁਣਿ ਸਖੀ ਸਹੇਲੀ ਜੀਅ ਕੀ ਮੇਲੀ ਗੁਰ ਕੈ ਸਬਦਿ ਸਮਾਓ ॥ ਹਰਿ ਗੁਣ ਸਾਰੀ ਤਾ ਕੰਤ ਪਿਆਰੀ ਨਾਮੇ ਧਰੀ ਪਿਆਰੋ ॥ ਨਾਨਕ ਕਾਮਣਿ ਨਾਹ ਪਿਆਰੀ ਰਾਮ ਨਾਮੁ ਗਲਿ ਹਾਰੋ ॥੨॥ {ਪੰਨਾ 243}

ਪਦਅਰਥ:- ਸਾਧਨ—ਜੀਵ-ਇਸਤ੍ਰੀ। ਬਿਨਉ—ਬੇਨਤੀ। ਸਾਰੇ—ਸੰਭਾਲਦੀ ਹੈ, ਚੇਤੇ ਕਰਦੀ ਹੈ। ਮਹਲੁ—ਪਰਮਾਤਮਾ ਦਾ ਟਿਕਾਣਾ। ਪਰੁ ਕੀਜੈ—ਚੰਗੀ ਤਰ੍ਹਾਂ ਕਰਨਾ ਚਾਹੀਦਾ ਹੈ। ਤਿਸਨਾ ਅਗਨਿ—ਤ੍ਰਿਸ਼ਨਾ ਦੀ ਅੱਗ। ਸਾਚਾ—ਸਦਾ-ਥਿਰ ਰਹਿਣ ਵਾਲਾ।1।

ਧਨ—ਜੀਵ-ਇਸਤ੍ਰੀ। ਰੈਣਿ—ਰਾਤ। ਸਿਉ—ਨਾਲ। ਭਾਉ—ਪ੍ਰੇਮ। ਕਰੇ—ਕਰਿ, ਕਰ ਕੇ। ਆਪੁ—ਆਪਾ-ਭਾਵ। ਅਨਦਿਨੁ—ਹਰ ਰੋਜ਼, ਹਰ ਵੇਲੇ। ਭਾਓ—ਭਾਉ, ਪਿਆਰ। ਜੀਅ ਕੀ ਮੇਲੀ—ਜਿੰਦ ਦਾ ਮੇਲ ਰੱਖਣ ਵਾਲੀ, ਦਿਲੀ ਪਿਆਰ ਵਾਲੀ। ਸਾਰੀ—ਸੰਭਾਲੇ। ਨਾਮੇ—ਨਾਮ ਵਿਚ ਹੀ। ਕਾਮਣਿ—ਇਸਤ੍ਰੀ। ਨਾਹ ਪਿਆਰੀ—ਖਸਮ ਦੀ ਪਿਆਰੀ। ਗਲਿ—ਗਲਿ ਵਿਚ।2।

ਅਰਥ:- (ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਮਿਲਾਪ ਦੀ ਤਾਂਘ ਪੈਦਾ ਹੁੰਦੀ ਹੈ, ਉਹ) ਜੀਵ-ਇਸਤ੍ਰੀ (ਪ੍ਰਭੂ-ਦਰ ਤੇ) ਬੇਨਤੀ ਕਰਦੀ ਹੈ ਤੇ ਪਰਮਾਤਮਾ ਦੇ ਗੁਣ (ਆਪਣੇ ਹਿਰਦੇ ਵਿਚ) ਸੰਭਾਲਦੀ ਹੈ, ਪਿਆਰੇ ਪਰਮਾਤਮਾ (ਦੇ ਦਰਸਨ) ਤੋਂ ਬਿਨਾ ਉਹ ਇਕ ਖਿਨ ਭਰ ਇਕ ਪਲ ਭਰ (ਸ਼ਾਂਤ-ਚਿੱਤ) ਨਹੀਂ ਰਹਿ ਸਕਦੀ। ਪਿਆਰੇ ਪਰਮਾਤਮਾ ਦੇ ਦਰਸਨ ਤੋਂ ਬਿਨਾ ਉਹ (ਸ਼ਾਂਤ-ਚਿੱਤ) ਨਹੀਂ ਰਹਿ ਸਕਦੀ। ਪਰ ਪਰਮਾਤਮਾ ਦਾ ਟਿਕਾਣਾ ਗੁਰੂ ਤੋਂ ਬਿਨਾ ਲੱਭ ਨਹੀਂ ਸਕਦਾ।

ਜੇ ਜੋ ਗੁਰੂ ਸਿੱਖਿਆ ਦੇਂਦਾ ਹੈ ਉਸ ਨੂੰ ਚੰਗੀ ਤਰ੍ਹਾਂ ਕਮਾਇਆ ਜਾਏ ਤਾਂ, (ਮਨ ਵਿਚੋਂ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ। ਇੱਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ, ਉਸ ਤੋਂ ਬਿਨਾ (ਜਗਤ ਵਿਚ) ਹੋਰ ਕੋਈ (ਸਦਾ ਨਾਲ ਨਿਭਣ ਵਾਲਾ ਸਾਥੀ) ਨਹੀਂ ਹੈ, ਉਸ ਦੀ ਸਰਨ ਪੈਣ ਤੋਂ ਬਿਨਾ ਜੀਵ-ਇਸਤ੍ਰੀ ਸੁਖ ਨਹੀਂ ਮਾਣ ਸਕਦੀ। ਹੇ ਨਾਨਕ! ਉਹੀ ਜੀਵ-ਇਸਤ੍ਰੀ (ਗੁਰੂ ਦੀ) ਮਿਲਾਈ ਹੋਈ (ਪ੍ਰਭੂ-ਚਰਨਾਂ ਵਿਚ) ਮਿਲ ਸਕਦੀ ਹੈ ਜਿਸ ਨੂੰ ਪ੍ਰਭੂ ਆਪ ਮਿਹਰ (ਕਰ ਕੇ, ਆਪਣੇ ਚਰਨਾਂ ਵਿਚ) ਮਿਲਾ ਲਏ।1।

ਜੇਹੜੀ ਜੀਵ-ਇਸਤ੍ਰੀ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਚਿੱਤ ਜੋੜੀ ਰੱਖਦੀ ਹੈ ਉਸ ਜੀਵ-ਇਸਤ੍ਰੀ ਦੀ (ਜ਼ਿੰਦਗੀ-ਰੂਪ) ਰਾਤ ਸੌਖੀ ਬੀਤਦੀ ਹੈ, ਉਹ ਜੀਵ-ਇਸਤ੍ਰੀ ਗੁਰੂ ਦੀ ਸਰਨ ਪੈਂਦੀ ਹੈ ਗੁਰੂ ਨਾਲ ਪ੍ਰੇਮ ਕਰਦੀ ਹੈ ਤੇ ਆਪਣੇ ਅੰਦਰੋਂ ਹਉਮੈ-ਅਹੰਕਾਰ ਦੂਰ ਕਰਦੀ ਹੈ। ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦੀ ਹੈ ਤੇ ਪਰਮਾਤਮਾ ਦੇ ਗੁਣ ਸਦਾ ਗਾਂਦੀ ਰਹਿੰਦੀ ਹੈ, ਪ੍ਰਭੂ ਚਰਨਾਂ ਨਾਲ ਉਸ ਦਾ ਹਰ ਵੇਲੇ ਪਿਆਰ ਬਣਿਆ ਰਹਿੰਦਾ ਹੈ। ਮਿਲੇ ਦਿਲ ਵਾਲੀਆਂ (ਸਤ-ਸੰਗੀ) ਸਖੀਆਂ ਸਹੇਲੀਆਂ ਪਾਸੋਂ (ਗੁਰੂ ਦਾ ਸ਼ਬਦ) ਸੁਣ ਕੇ ਗੁਰੂ ਦੇ ਸ਼ਬਦ ਵਿਚ ਉਸ ਦੀ ਲੀਨਤਾ ਹੋਈ ਰਹਿੰਦੀ ਹੈ।

ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਨਾਮ ਵਿਚ ਪਿਆਰ ਪਾਂਦੀ ਹੈ ਪਰਮਾਤਮਾ ਦੇ ਗੁਣ (ਆਪਣੇ ਹਿਰਦੇ ਵਿਚ)

ਸੰਭਾਲਦੀ ਹੈ ਉਹ ਪਰਮਾਤਮਾ-ਪਤੀ ਦੀ ਪਿਆਰੀ ਬਣ ਜਾਂਦੀ ਹੈ। ਹੇ ਨਾਨਕ! ਜਿਸ ਜੀਵ-ਇਸਤ੍ਰੀ ਦੇ ਗਲ ਵਿਚ ਪਰਮਾਤਮਾ ਦਾ ਨਾਮ-ਹਾਰ ਪਿਆ ਰਹਿੰਦਾ ਹੈ, ਉਹ ਜੀਵ-ਇਸਤ੍ਰੀ ਪਰਮਾਤਮਾ ਦੀ ਪਿਆਰੀ ਹੋ ਜਾਂਦੀ ਹੈ।2।

**ਧਨ ਏਕਲੜੀ ਜੀਉ ਬਿਨੁ ਨਾਹ ਪਿਆਰੇ ॥ ਦੂਜੈ ਭਾਇ ਮੁਠੀ ਜੀਉ ਬਿਨੁ ਗੁਰ ਸਬਦ ਕਰਾਰੇ ॥ ਬਿਨੁ ਸਬਦ ਪਿਆਰੇ ਕਉਣੁ ਦੁਤਰੁ ਤਾਰੇ ਮਾਇਆ ਮੋਹਿ ਖੁਆਈ ॥ ਕੂੜਿ ਵਿਗੁਤੀ ਤਾ ਪਿਰਿ ਮੁਤੀ ਸਾ ਧਨ ਮਹਲੁ ਨ ਪਾਈ ॥ ਗੁਰ ਸਬਦੇ ਰਾਤੀ ਸਹਜੇ ਮਾਤੀ ਅਨਦਿਨੁ ਰਹੈ ਸਮਾਏ ॥ ਨਾਨਕ ਕਾਮਣਿ ਸਦਾ ਰੰਗਿ ਰਾਤੀ ਹਰਿ ਜੀਉ ਆਪਿ ਮਿਲਾਏ ॥੩॥ ਤਾ ਮਿਲੀਐ ਹਰਿ ਮੇਲੇ ਜੀਉ ਹਰਿ ਬਿਨੁ ਕਵਣੁ ਮਿਲਾਏ ॥ ਬਿਨੁ ਗੁਰ ਪ੍ਰੀਤਮ ਆਪਣੇ ਜੀਉ ਕਉਣੁ ਭਰਮੁ ਚੁਕਾਏ ॥ ਗੁਰੁ ਭਰਮੁ ਚੁਕਾਏ ਇਉ ਮਿਲੀਐ ਮਾਏ ਤਾ ਸਾ ਧਨ ਸੁਖੁ ਪਾਏ ॥ ਗੁਰ ਸੇਵਾ ਬਿਨੁ ਘੋਰ ਅੰਧਾਰੁ ਬਿਨੁ ਗੁਰ ਮਗੁ ਨ ਪਾਏ ॥ ਕਾਮਣਿ ਰੰਗਿ ਰਾਤੀ ਸਹਜੇ ਮਾਤੀ ਗੁਰ ਕੈ ਸਬਦਿ ਵੀਚਾਰੇ ॥ ਨਾਨਕ ਕਾਮਣਿ ਹਰਿ ਵਰੁ ਪਾਇਆ ਗੁਰ ਕੈ ਭਾਇ ਪਿਆਰੇ ॥੪॥੧॥** {ਪੰਨਾ 244}

ਪਦਅਰਥ:- ਭਾਇ—ਪਿਆਰ ਵਿਚ। ਮੁਠੀ—ਠੱਗੀ ਗਈ। ਕਰਾਰੇ—ਤਕੜੇ।

ਦੁਤਰੁ—ਜਿਸ ਤੋਂ ਪਾਰ ਲੰਘਣਾ ਔਖਾ ਹੋਵੇ {duÔqr}। ਮੋਹਿ—ਮੋਹ ਵਿਚ। ਖੁਆਈ—ਖੁੰਝੀ ਹੋਈ। ਕੂੜਿ—ਕੂੜ ਵਿਚ, ਝੂਠੇ ਮੋਹ ਵਿਚ। ਵਿਗੁਤੀ—ਖ਼ੁਆਰ ਹੋਈ। ਪਿਰਿ—ਪਿਰ ਨੇ, ਪਤੀ ਨੇ। ਮੁਤੀ—ਮੁੱਤੀ, ਛੱਡ ਦਿੱਤੀ। ਸਹਜੇ—ਆਤਮਕ ਅਡੋਲਤਾ ਵਿਚ। ਮਾਤੀ—ਮਸਤ।3।

ਭਰਮੁ—ਮਨ ਦੀ ਭਟਕਣਾ। ਚੁਕਾਏ—ਦੂਰ ਕਰੇ। ਮਾਏ—ਹੇ ਮਾਂ! ਘੋਰ ਅੰਧਾਰੁ—ਘੁੱਪ ਹਨੇਰਾ। ਮਗੁ—ਰਸਤਾ। ਵਰੁ—ਖਸਮ। ਭਾਇ—ਪਿਆਰ ਵਿਚ।4।

ਅਰਥ:- ਹੇ ਜੀਉ! ਜੇਹੜੀ ਜੀਵ-ਇਸਤ੍ਰੀ ਪਿਆਰੇ ਪਤੀ-ਪ੍ਰਭੂ ਤੋਂ ਬਿਨਾ ਇਕੱਲੀ (ਸੁੰਞਾ ਜੀਵਨ ਬਿਤੀਤ ਕਰ ਰਹੀ) ਹੈ, ਉਹ ਗੁਰੂ ਦੇ ਸਹਾਰਾ ਦੇਣ ਵਾਲੇ ਸ਼ਬਦ ਤੋਂ ਬਿਨਾ ਹੋਰ ਹੋਰ ਪਿਆਰ ਵਿਚ ਠੱਗੀ ਜਾ ਰਹੀ ਹੈ। ਗੁਰੂ ਦੇ ਸ਼ਬਦ ਤੋਂ ਬਿਨਾ ਹੋਰ ਕੋਈ ਨਹੀਂ ਜੋ ਉਸ ਨੂੰ ਦੁੱਤਰ (ਸੰਸਾਰ-ਸਮੁੰਦਰ) ਤੋਂ ਪਾਰ ਲੰਘਾ ਸਕਦਾ ਹੈ, ਉਹ ਮਾਇਆ ਦੇ ਮੋਹ ਵਿਚ (ਫਸੀ) ਖ਼ੁਆਰ ਹੁੰਦੀ ਰਹਿੰਦੀ ਹੈ। ਜਦੋਂ ਜੀਵ-ਇਸਤ੍ਰੀ (ਮਾਇਆ ਦੇ) ਝੂਠੇ ਮੋਹ ਵਿਚ ਖ਼ੁਆਰ ਹੁੰਦੀ ਹੈ, ਤਦੋਂ (ਜਾਣੋ ਕਿ) ਖਸਮ-ਪ੍ਰਭੂ ਵਲੋਂ ਉਹ ਛੁੱਟੜ ਹੋਈ ਪਈ ਹੈ, ਉਹ ਜੀਵ-ਇਸਤ੍ਰੀ ਪਰਮਾਤਮਾ-ਪਤੀ ਦਾ ਟਿਕਾਣਾ ਨਹੀਂ ਲੱਭ ਸਕਦੀ।

(ਪਰ) ਜੇਹੜੀ ਜੀੜ-ਇਸਤ੍ਰੀ ਗੁਰੂ ਦੇ ਸ਼ਬਦ ਵਿਚ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, ਉਹ ਹਰ ਵੇਲੇ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੀ ਹੈ। ਹੇ ਨਾਨਕ! ਉਹ ਜੀਵ-ਇਸਤ੍ਰੀ ਸਦਾ (ਪ੍ਰਭੂ-ਪਤੀ ਦੇ) ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਉਸ ਨੂੰ ਪਰਮਾਤਮਾ ਆਪ (ਆਪਣੇ ਚਰਨਾਂ ਵਿਚ) ਮਿਲਾਈ ਰੱਖਦਾ ਹੈ।3।

ਹੇ ਜੀਉ! (ਪ੍ਰਭੂ-ਚਰਨਾਂ ਵਿਚ) ਤਦੋਂ ਹੀ ਮਿਲ ਸਕੀਦਾ ਹੈ, ਜੇ ਪ੍ਰਭੂ ਆਪ ਹੀ ਮਿਲਾ ਲਏ। ਪਰਮਾਤਮਾ ਤੋਂ ਬਿਨਾ (ਉਸ ਦੇ ਚਰਨਾਂ ਵਿਚ) ਹੋਰ ਕੌਣ ਮਿਲਾ ਸਕਦਾ ਹੈ?

(ਕਿਉਂਕਿ,) ਹੇ ਜੀਉ! ਆਪਣੇ ਪ੍ਰੀਤਮ ਗੁਰੂ ਤੋਂ ਬਿਨਾ ਹੋਰ ਕੋਈ (ਸਾਡੇ ਮਨ ਦੀ) ਭਟਕਣਾ ਨੂੰ ਦੂਰ ਨਹੀਂ ਕਰ ਸਕਦਾ।

ਹੇ ਮਾਂ! ਜੇ ਗੁਰੂ (ਜੀਵ-ਇਸਤ੍ਰੀ ਦੇ ਮਨ ਦੀ) ਭਟਕਣਾ ਦੂਰ ਕਰ ਦੇਵੇ, ਤਾਂ ਇਸ ਤਰ੍ਹਾਂ (ਪ੍ਰਭੂ-ਚਰਨਾਂ ਵਿਚ) ਮਿਲ ਸਕੀਦਾ ਹੈ, ਤਦੋਂ ਹੀ ਜੀਵ-ਇਸਤ੍ਰੀ ਆਤਮਕ ਆਨੰਦ ਮਾਣਦੀ ਹੈ। ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਨੂੰ (ਜੀਵਨ

ਦਾ ਸਹੀ) ਰਸਤਾ ਲੱਭ ਨਹੀਂ ਸਕਦਾ।

ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਪ੍ਰਭੂ-ਪਤੀ ਦੇ ਗੁਣਾਂ ਨੂੰ) ਆਪਣੇ ਸੋਚ-ਮੰਡਲ ਵਿਚ ਟਿਕਾਂਦੀ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਤੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ। ਗੁਰੂ ਦੇ ਪ੍ਰੇਮ ਵਿਚ ਗੁਰੂ ਦੇ ਪਿਆਰ ਵਿਚ ਟਿਕਣ ਕਰਕੇ ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ।4।1।